# भारतीय प्रबंध संस्थान अमृतसर, पुस्तकालय

## Indian Institute of Management Amritsar

## LIBRARY

**IIM Amritsar Media Coverage, Newspaper: अजीत (Ajit), DATE: 08/04/2024**

ਅੰਮ੍ਰਿਤਸਰ ਅਜੀਤ
ਅਜੀਤ, ਜਲੰਧਰ
ਸੋਮਵਾਰ, 8 ਅਪ੍ਰੈਲ 2024



ਵਿਦਿਆਰਥੀਆਂ ਨੂੰ ਡਿਗਰੀਆਂ ਵੰਡਦੇ ਹੋਏ ਰਾਜਪਾਲ ਬਨਵਾਰੀ ਲਾਲ ਪੁਰੋਹਿਤ, ਨਾਲ ਬੀ. ਓ. ਜੀ. ਦੇ ਚੇਅਰਮੈਨ ਸੰਜੇ ਗੁਪਤਾ ਤੇ ਆਈ. ਆਈ. ਐੱਮ. ਅੰਮ੍ਰਿਤਸਰ ਦੇ ਡਾਇਰੈਕਟਰ ਡਾ. ਰਾਮਾਮੂਰਤੀ। ਅਜੀਤ ਤਸਵੀਰ

# ਆਈ. ਆਈ. ਐੱਮ. ਅੰਮ੍ਰਿਤਸਰ ਦਾ ਡਿਗਰੀ ਵੰਡ ਸਮਾਗਮ

ਅੰਮ੍ਰਿਤਸਰ, 7 ਅਪ੍ਰੈਲ (ਰਾਜੇਸ਼ ਕੁਮਾਰ ਸ਼ਰਮਾ)-ਆਈ. ਆਈ. ਐੱਮ. ਅੰਮ੍ਰਿਤਸਰ ਦਾ 8ਵਾਂ ਡਿਗਰੀ ਵੰਡ ਸਮਾਰੋਹ ਕਰਵਾਇਆ ਗਿਆ, ਜਿਸ ਵਿਚ 320 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ। ਸਮਾਗਮ ਵਿਚ ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਮੁੱਖ ਮਹਿਮਾਨ ਅਤੇ ਬੀ. ਓ. ਜੀ. ਦੇ ਚੇਅਰਮੈਨ ਸੰਜੇ ਗੁਪਤਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਿਨ੍ਹਾਂ ਦਾ ਆਈ. ਆਈ. ਐੱਮ. ਅੰਮ੍ਰਿਤਸਰ ਦੇ ਡਾਇਰੈਕਟਰ ਡਾ. ਰਾਮਾਮੂਰਤੀ ਨੇ ਸਵਾਗਤ ਕੀਤਾ। ਸਮਾਗਮ ਦੌਰਾਨ ਰਾਜਪਾਲ ਬਨਵਾਰੀ ਲਾਲ ਨੇ ਵਿਦਿਆਰਥੀਆਂ ਨੂੰ ਡਿਗਰੀਆਂ ਵੰਡੀਆਂ ਅਤੇ ਉਨ੍ਹਾਂ ਨੂੰ ਚੰਗੇ ਭਵਿੱਖ ਲਈ ਆਸ਼ੀਰਵਾਦ ਦਿੱਤਾ। ਡਾ. ਰਾਮਾਮੂਰਤੀ ਨੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕੀਤੀ। ਸੰਜੇ ਗੁਪਤਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਜੀਵਨ 'ਚ ਆਉਣ ਵਾਲੀਆਂ ਚੁਣੌਤੀਆਂ ਬਾਰੇ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਅੰਦਰ ਦੀ ਉਤਸੁਕਤਾ ਨੂੰ ਕਦੇ ਮਰਨ ਨਹੀਂ ਦੇਣਾ ਚਾਹੀਦਾ। ਇਸ ਮੌਕੇ ਨਾਮਵਰ ਸ਼ਖ਼ਸੀਅਤਾਂ ਤੋਂ ਇਲਾਵਾ ਸੰਸਥਾਨ ਦੇ ਅਧਿਆਪਕ ਸਟਾਫ਼ ਮੈਂਬਰ ਤੇ ਵਿਦਿਆਰਥੀ ਹਾਜ਼ਰ ਸਨ।



भारतीय प्रबंध संस्थान अमृतसर
पुस्तकालय
LIBRARY
Indian Institute of Management Amritsar